# ਬੱਚਿਆਂ ਦਾ ਲਾਜ਼ਮੀ ਅਤੇ ਮੁਫ਼ਤ ਸਿੱਖਿਆ ਦਾ ਅਧਿਕਾਰ ਐਕਟ, 2009

-ਇਹ ਐਕਟ ਜੰਮੂ ਅਤੇ ਕਸ਼ਮੀਰ ਰਾਜ ਦੇ ਸਿਵਾਏ ਸਮੂਹ ਭਾਰਤ ਵਿੱਚ 1 ਅਪ੍ਰੈਲ, 2010 ਤੋਂ ਲਾਗੂ ਹੈ।

## ਐਕਟ ਦੀਆਂ ਮੁੱਖ ਵਿਸ਼ੇਸ਼ਤਾਵਾਂ

6 ਤੋਂ 14 ਸਾਲ ਦੀ ਉਮਰ ਤੱਕ ਦੇ ਹਰੇਕ ਬੱਚੇ ਨੂੰ ਮੁੱਢਲੀ ਸਿੱਖਿਆ ਮੁਕੰਮਲ ਹੋਣ ਤੱਕ ਮੁਫਤ ਅਤੇ ਲਾਜ਼ਮੀ ਸਿੱਖਿਆ ਲੈਣ ਦਾ ਅਧਿਕਾਰ

6 ਤੋਂ 14 ਸਾਲ ਤੱਕ ਦੇ ਹਰੇਕ ਬੱਚੇ ਨੂੰ ਆਪਣੀ ਉਮਰ ਅਨੁਸਾਰ ਢੁਕਵੀਂ ਜਮਾਤ ਵਿੱਚ ਦਾਖਲਾ ਲੈਣ ਦਾ ਅਧਿਕਾਰ

ਦਾਖਲੇ ਸਮੇਂ ਸਕਰੀਨਿੰਗ ਟੈਸਟ ਲੈਣ ਜਾਂ ਕੈਪੀਟੇਸ਼ਨ ਫੀਸ ਵਸੂਲ ਕਰਨ ਦੀ ਮਨਾਹੀ ਹੈ ਅਤੇ ਉਮਰ ਦਾ ਸਬੂਤ ਜਾਂ ਸਕੂਲ ਛੱਡਣ ਸਬੰਧੀ ਸਰਟੀਫਿਕੇਟ ਨਾ ਹੋਣ ਦੀ ਸੂਰਤ ਵਿੱਚ ਦਾਖਲੇ ਤੋਂ ਇਨਕਾਰ ਨਹੀਂ ਕੀਤਾ ਜਾਵੇਗਾ

ਬੱਚਿਆਂ ਨੂੰ ਜਿਸਮਾਨੀ ਸਜ਼ਾ ਜਾਂ ਮਾਨਸਿਕ ਤੌਰ ਤੇ ਕੋਈ ਪ੍ਰੇਸ਼ਾਨੀ ਦੇਣ ਦੀ ਮਨਾਹੀ।

ਬੱਚੇ ਨੂੰ ਮੁੱਢਲੀ ਸਿੱਖਿਆ ਮੁਕੰਮਲ ਹੋਣ ਤੱਕ ਬੋਰਡ ਦੀ ਪ੍ਰੀਖਿਆ ਪਾਸ ਕਰਨ ਦੀ ਲੋੜ ਨਹੀਂ ਹੋਵੇਗੀ ਅਤੇ ਨਾ ਹੀ ਬੱਚੇ ਨੂੰ ਪਿਛਲੀ ਜਮਾਤ ਵਿੱਚ ਰੋਕਿਆ ਜਾਂ ਮੁੱਢਲੀ ਪੜ੍ਹਾਈ ਮੁਕੰਮਲ ਹੋਣ ਤੱਕ ਸਕੂਲ ਵਿਚੋਂ ਕੱਢਿਆ ਨਹੀਂ ਜਾਵੇਗਾ।

ਕਿਸੇ ਵੀ ਅਧਿਆਪਕ ਨੂੰ ਪ੍ਰਾਈਵੇਟ ਟਿਊਸ਼ਨ ਕਰਨ ਦੀ ਮਨਾਹੀ ਹੋਵੇਗੀ।

ਬੱਚਿਆਂ ਲਈ ਪਹਿਲੀ ਤੋਂ ਪੰਜਵੀਂ ਜਮਾਤ ਤੱਕ ਇੱਕ ਕਿਲੋਮੀਟਰ ਅਤੇ ਛੇਵੀਂ ਤੋਂ ਅੱਠਵੀਂ ਜਮਾਤ ਤੱਕ ਤਿੰਨ ਕਿਲੋਮੀਟਰ ਦੇ ਫ਼ਾਸਲੇ ਅੰਦਰ ਸਕੂਲ ਸਥਾਪਿਤ ਕੀਤੇ ਜਾਣਗੇ।

ਹਰੇਕ ਵਿੱਦਿਅਕ ਸਾਲ ਦੌਰਾਨ ਪ੍ਰਾਇਮਰੀ ਸਕੂਲ ਘੱਟੋ ਘੱਟ 200 ਦਿਨ ਅਤੇ ਅੱਪਰ ਪ੍ਰਾਇਮਰੀ ਸਕੂਲ 220 ਦਿਨ ਖੁੱਲ੍ਹੇ ਰਹਿਣਗੇ ਅਤੇ ਅਧਿਆਪਕਾਂ ਲਈ ਪਹਿਲੀ ਤੋਂ ਪੰਜਵੀਂ ਜਮਾਤ ਵਿਚ 800 ਘੰਟੇ ਅਤੇ ਛੇਵੀਂ ਤੋਂ ਅੱਠਵੀਂ ਜਮਾਤ ਲਈ 1000 ਘੰਟੇ ਪੜ੍ਹਾਉਣਾ ਲਾਜ਼ਮੀ ਹੋਵੇਗਾ।

ਪ੍ਰਾਈਵੇਟ ਸਕੂਲਾਂ ਵਿੱਚ ਵੀ ਕਮਜ਼ੋਰ ਵਰਗ ਅਤੇ ਸੁਵਿਧਾ ਰਹਿਤ ਬੱਚਿਆਂ ਲਈ 25 ਪ੍ਰਤੀਸ਼ਤ ਸੀਟਾਂ ਰਾਖਵੀਆਂ ਹੋਣਗੀਆਂ।

ਗੈਰ ਸਹਾਇਤਾ ਪ੍ਰਾਪਤ ਸਕੂਲਾਂ ਤੋਂ ਬਿਨਾਂ ਹੋਰ ਸਾਰੇ ਸਕੂਲਾਂ ਵੱਲੋਂ ਸਕੂਲ ਮੈਨੇਜਮੈਂਟ ਕਮੇਟੀ ਦਾ ਗਠਨ ਕੀਤਾ ਜਾਵੇਗਾ ਜਿਸ ਵਿੱਚ ਤਿੰਨ ਚੌਥਾਈ ਮੈਂਬਰ ਬੱਚਿਆਂ ਦੇ ਮਾਪਿਆਂ ਜਾਂ ਸਰਪਰਸਤਾਂ ਵਿਚੋਂ ਲਏ ਜਾਣਗੇ। ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ:

1) ਸਕੂਲ ਵਿਕਾਸ ਯੋਜਨਾ ਤਿਆਰ ਕਰਨਗੇ;
2) ਸਕੂਲ ਦੀ ਨਿਗਰਾਨੀ ਕਰਨਗੇ;
3) ਅਧਿਆਪਕਾਂ ਦੀ ਜਵਾਬਦੇਹੀ ਯਕੀਨੀ ਬਣਾਉਣਗੇ।

Scanned with CamScanner